ਮਲਾਰ ਮਹਲਾ ੧ ॥ ਕਰਉ ਬਿਨਉ ਗੁਰ ਅਪਨੇ ਪ੍ਰੀਤਮ ਹਰਿ ਵਰੁ ਆਣਿ ਮਿਲਾਵੈ ॥ ਸੁਣਿ ਘਨ ਘੋਰ ਸੀਤਲੁ ਮਨੁ ਮੋਰਾ ਲਾਲ ਰਤੀ ਗੁਣ ਗਾਵੈ ॥੧ ॥ ਬਰਸੁ ਘਨਾ ਮੇਰਾ ਮਨੁ ਭੀਨਾ ॥ ਅੰਮ੍ਰਿਤ ਬੂੰਦ ਸੁਹਾਨੀ ਹੀਅਰੈ ਗੁਰਿ ਮੋਹੀ ਮਨੁ ਹਰਿ ਰਸਿ ਲੀਨਾ ॥੧ ॥ ਰਹਾਉ ॥ ਸਹਜਿ ਸੁਖੀ ਵਰ ਕਾਮਣਿ ਪਿਆਰੀ ਜਿਸੁ ਗੁਰ ਬਚਨੀ ਮਨੁ ਮਾਨਿਆ ॥ ਹਰਿ ਵਰਿ ਨਾਰਿ ਭਈ ਸੋਹਾਗਣਿ ਮਨਿ ਤਨਿ ਪ੍ਰੇਮੁ ਸੁਖਾਨਿਆ ॥੨ ॥ ਅਵਗਣ ਤਿਆਗਿ ਭਈ ਬੈਰਾਗਨਿ ਅਸਥਿਰੁ ਵਰੁ ਸੋਹਾਗੁ ਹਰੀ ॥ ਸੋਗੁ ਵਿਜੋਗੁ ਤਿਸੁ ਕਦੇ ਨ ਵਿਆਪੈ ਹਰਿ ਪ੍ਰਭਿ ਅਪਣੀ ਕਿਰਪਾ ਕਰੀ ॥੩॥ ਆਵਣ ਜਾਣੁ ਨਹੀ ਮਨੁ ਨਿਹਚਲੁ ਪੂਰੇ ਗੁਰ ਕੀ ਓਟ ਗਹੀ ॥ ਨਾਨਕ ਰਾਮ ਨਾਮੁ ਜਪਿ ਗੁਰਮੁਖਿ ਧਨੁ ਸੋਹਾਗਣਿ ਸਚੁ ਸਹੀ ॥੪॥੨॥ {ਪੰਨਾ 1254}

ਪਦ ਅਰਥ:- ਕਰਉ—ਮੈਂ ਕਰਦਾ ਹਾਂ। ਬਿਨਉ —ਬੇਨਤੀ। ਗੁਰ ਅਪਨੇ ਪ੍ਰੀਤਮ —ਆਪਣੇ ਪ੍ਰੀਤਮ ਗੁਰੂ ਪਾਸ। ਵਰੁ —ਖਸਮ। ਆਣਿ—ਲਿਆ ਕੇ। ਸੁਣਿ —ਸੁਣ ਕੇ। ਘਨਘੋਰ —ਬੱਦਲਾਂ ਦੀ ਗਰਜ। ਮੋਰਾ—ਮੇਰਾ। ਰਤੀ—ਰੰਗੀ ਹੋਈ।1।

ਬਰਸੁ—ਵਰਖਾ ਕਰ। ਘਨਾ —ਹੇ ਘਟ! ਹੇ ਬੱਦਲ! ਭੀਨਾ—ਭਿੱਜ ਜਾਏ। ਹੀਅਰੈ —ਹਿਰਦੇ ਵਿਚ। ਗੁਰਿ—ਗੁਰੂ ਨੇ। ਰਸਿ—ਰਸ ਵਿਚ।1। ਰਹਾਉ।

ਸਹਜਿ—ਸਹਜ ਵਿਚ, ਅਡੋਲ ਅਵਸਥਾ ਵਿਚ। ਵਰ ਕਾਮਣਿ —ਖਸਮ-ਪ੍ਰਭੂ ਦੀ (ਜੀਵ-) ਇਸਤ੍ਰੀ। ਜਿਸੁ ਮਨੁ—ਜਿਸ ਦਾ ਮਨ। ਵਰਿ—ਵਰ ਕੇ, ਚੁਣ ਕੇ, ਪਤੀ ਬਣਾ ਕੇ। ਮਨਿ—ਮਨ ਵਿਚ। ਤਨਿ—ਤਨ ਵਿਚ। ਸੁਖਾਨਿਆ—ਸੁਖ ਲਿਆਉਂਦਾ ਹੈ।2।

ਤਿਆਗਿ—ਤਿਆਗ ਕੇ। ਬੈਰਾਗਨਿ —ਵੈਰਾਗ ਵਾਲੀ। ਅਸਥਿਰੁ —ਸਦਾ ਕਾਇਮ ਰਹਿਣ ਵਾਲਾ। ਸੋਗੁ—ਚਿੰਤਾ। ਵਿਜੋਗੁ—ਵਿਛੋੜਾ। ਨ ਵਿਆਪੈ—ਜ਼ੋਰ ਨਹੀਂ ਪਾ ਸਕਦਾ। ਪ੍ਰਭਿ—ਪ੍ਰਭੂ ਨੇ।3।

ਆਵਣ ਜਾਣੁ—ਜਨਮ ਮਰਨ (ਦਾ ਗੇੜ)। ਓਟ—ਆਸਰਾ। ਗਹੀ—ਫੜੀ। ਧਨੁ—(DNX) ਭਾਗਾਂ ਵਾਲੀ। ਸਹੀ—ਠੀਕ ਤਰ੍ਹਾਂ।4।

ਅਰਥ:- ਹੇ ਬੱਦਲ! ਵਰਖਾ ਕਰ (ਹੇ ਗੁਰੂ! ਨਾਮ ਦੀ ਵਰਖਾ ਕਰ, ਤਾ ਕਿ) ਮੇਰਾ ਮਨ ਉਸ ਵਿਚ ਭਿੱਜ ਜਾਏ। (ਜਿਸ ਸੁਭਾਗ ਜੀਵ -ਇਸਤ੍ਰੀ ਨੂੰ) ਗੁਰੂ ਨੇ ਆਪਣੇ ਪਿਆਰ -ਵੱਸ ਕਰ ਲਿਆ; ਉਸ ਦਾ ਮਨ ਪਰਮਾਤਮਾ ਦੇ ਰਸ ਵਿਚ ਲੀਨ ਰਹਿੰਦਾ ਹੈ, ਉਸ ਦੇ ਹਿਰਦੇ ਵਿਚ ਨਾਮ-ਅੰਮ੍ਰਿਤ ਦੀ ਬੂੰਦ ਠੰਢ ਪਾਂਦੀ ਹੈ (ਸੁਖ ਦੇਂਦੀ ਹੈ)।1। ਰਹਾਉ।

ਮੈਂ ਆਪਣੇ ਗੁਰੂ ਪ੍ਰੀਤਮ ਅੱਗੇ ਬੇਨਤੀ ਕਰਦੀ ਹਾਂ, (ਗੁਰੂ ਹੀ) ਪਤੀ-ਪ੍ਰਭੂ ਨੂੰ ਲਿਆ ਕੇ ਮਿਲਾ ਸਕਦਾ ਹੈ। (ਜਿਵੇਂ ਵਰਖਾ ਰੁੱਤੇ ਬੱਦਲਾਂ ਦੀ ਗਰਜ ਸੁਣ ਕੇ ਮੋਰ ਪੈਲਾਂ ਪਾਂਦਾ ਹੈ , ਤਿਵੇਂ) ਗੁਰੂ ਦੇ ਸ਼ਬਦ -ਬੱਦਲਾਂ ਦੀ ਗਰਜ ਸੁਣ ਕੇ ਮੇਰਾ ਮਨ ਠੰਢਾ -ਠਾਰ ਹੁੰਦਾ ਹੈ (ਮਨ ਦੀ ਵਿਕਾਰਾਂ ਦੀ ਤਪਸ਼ ਬੁੱਝ ਜਾਂਦੀ ਹੈ, ਮੇਰੀ ਜਿੰਦ) ਪ੍ਰੀਤਮ-ਪ੍ਰਭੂ ਦੇ ਪਿਆਰ ਵਿਚ ਰੰਗੀਜ ਕੇ ਉਸ ਦੀ ਸਿਫ਼ਤਿ -ਸਾਲਾਹ ਕਰਦੀ ਹੈ।1।

ਜਿਸ (ਜੀਵ-ਇਸਤ੍ਰੀ) ਦਾ ਮਨ ਗੁਰੂ ਦੇ ਬਚਨਾਂ ਵਿਚ (ਗੁਰੂ ਦੀ ਬਾਣੀ ਵਿਚ ) ਗਿੱਝ ਜਾਂਦਾ ਹੈ , ਖਸਮ-ਪ੍ਰਭੂ ਦੀ ਉਹ ਪਿਆਰੀ ਇਸਤ੍ਰੀ ਅਡੋਲ ਅਵਸਥਾ ਵਿਚ ਆਤਮਕ ਸੁਖ ਮਾਣਦੀ ਹੈ। ਪ੍ਰਭੂ ਨੂੰ ਆਪਣਾ ਖਸਮ ਬਣਾ ਕੇ ਉਹ ਜੀਵ -ਇਸਤ੍ਰੀ ਭਾਗਾਂ ਵਾਲੀ ਹੋ ਜਾਂਦੀ ਹੈ , ਉਸ ਦੇ ਮਨ ਵਿਚ ਉਸ ਦੇ ਤਨ ਵਿਚ ਪ੍ਰਭੂ ਦਾ ਪਿਆਰ ਆਤਮਕ ਸੁਖ ਪੈਦਾ ਕਰਦਾ ਹੈ।2।

ਜਿਸ ਜੀਵ -ਇਸਤ੍ਰੀ ਉਤੇ ਹਰੀ ਪ੍ਰਭੂ ਨੇ ਆਪਣੀ ਕਿਰਪਾ (ਦੀ ਦ੍ਰਿਸ਼ਟੀ) ਕੀਤੀ, ਉਸ ਉਤੇ ਮੋਹ ਆਦਿਕ ਦੀ ਚਿੰਤਾ ਜਾਂ ਪ੍ਰਭੂ -ਚਰਨਾਂ ਤੋਂ ਵਿਛੋੜਾ ਕਦੇ ਜ਼ੋਰ ਨਹੀਂ ਪਾ ਸਕਦਾ , ਉਹ ਇਸਤ੍ਰੀ ਔਗੁਣ ਤਿਆਗ ਕੇ ਪ੍ਰਭੂ -ਚਰਨਾਂ ਦੀ ਵੈਰਾਗਣ ਹੋ ਜਾਂਦੀ ਹੈ , ਸਦਾ ਕਾਇਮ ਰਹਿਣ ਵਾਲਾ ਹਰੀ ਉਸ ਦਾ ਸੋਹਾਗ ਬਣ ਜਾਂਦਾ ਹੈ, ਉਸ ਦਾ ਖਸਮ ਬਣ ਜਾਂਦਾ ਹੈ।3।

ਜਿਸ ਜੀਵ-ਇਸਤ੍ਰੀ ਨੇ ਪੂਰੇ ਗੁਰੂ ਦਾ ਪੱਲਾ ਫੜਿਆ ਹੈ , ਉਸ ਦਾ ਮਨ (ਵਿਕਾਰਾਂ ਵਲੋਂ) ਅਡੋਲ ਹੋ ਜਾਂਦਾ ਹੈ (ਭਾਵ, ਵਿਕਾਰਾਂ ਵਲ ਨਹੀਂ ਡੋਲਦਾ), ਉਸ ਦਾ ਜਨਮ ਮਰਨ ਦਾ ਗੇੜ ਮੁੱਕ ਜਾਂਦਾ ਹੈ। ਹੇ ਨਾਨਕ! ਉਹੀ ਜੀਵ-ਇਸਤ੍ਰੀ ਗੁਰੂ ਦੀ ਰਾਹੀਂ ਪ੍ਰਭੂ ਦਾ ਨਾਮ ਜਪ ਕੇ ਭਾਗਾਂ ਵਾਲੀ ਹੋ ਜਾਂਦੀ ਹੈ , ਉਹ ਠੀਕ ਅਰਥਾਂ ਵਿਚ ਸਦਾ-ਥਿਰ ਪ੍ਰਭੂ ਦਾ ਰੂਪ ਹੋ ਜਾਂਦੀ ਹੈ।4।2।